# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 20-10-2024**

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਸੰਗਠਿਤ ਅਪਰਾਧ ਦੇ ਖਿਲਾਫ ਵੱਡੀ ਸਫਲਤਾ ਹਾਸਲ ਕਰਦਿਆਂ ਬੰਬੀਹਾ- ਕੌਸ਼ਲ ਗੈਂਗ ਦੇ ਪੰਜ ਮੁੱਖ ਕਾਰਕੁੰਨਾਂ ਨੂੰ 9 ਗੈਰ-ਕਾਨੂੰਨੀ ਹਥਿਆਰਾਂ ਅਤੇ 15 ਕਾਰਤੂਸਾਂ ਸਮੇਤ ਗ੍ਰਿਫਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਇਕ ਸੋਸ਼ਲ ਮੀਡਿਆ ਪੋਸਟ ’ਤੇ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਨ੍ਹਾਂ ਗ੍ਰਿਫਤਾਰੀਆਂ ਨੇ ਤਿੰਨ ਵਿਅਕਤੀਆਂ ਨੂੰ ਨਿਸ਼ਾਨਾ ਬਣਾ ਕੇ ਕੀਤੇ ਜਾਣ ਵਾਲੇ ਹਮਲੇ ਨੂੰ ਟਾਲ਼ ਦਿੱਤਾ ਏ। ਉਨ੍ਹਾਂ ਦਸਿਆ ਕਿ ਇਹ ਹਥਿਆਰ ਮੱਧ ਪ੍ਰਦੇਸ਼ ਤੋਂ ਤਸਕਰੀ ਕਰ ਕੇ ਲਿਆਂਦੇ ਗਏ ਸਨ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਜਬਰੀ ਵਸੂਲੀ , ਕਤਲ ਅਤੇ ਹਥਿਆਰਾਂ ਦੀ ਤਸਕਰੀ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਸਨ। ਇਸ ਬਾਰੇ ਚੱਲ ਰਹੀ ਜਾਂਚ

ਦਾ ਉਦੇਸ਼ ਉਨ੍ਹਾਂ ਦੇ ਵਿਆਪਕ ਨੈਟਵਰਕ ਨੂੰ ਬੇਪਰਦਾ ਕਰਨਾ ਅਤੇ ਗਿਰੋਹ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਏ ।

----------------------------------------------------------------------

ਡਿਊਟੀ ਦੌਰਾਨ ਸ਼ਹੀਦ ਹੋਏ ਪੁਲਿਸ ਮੁਲਾਜ਼ਮਾਂ ਦੀ ਯਾਦ ਵਿਚ 21 ਅਕਤੂਬਰ ਸੋਮਵਾਰ ਨੂੰ ਸਵੇਰੇ 7.30 ਵਜੇ ਆਈ.ਟੀ.ਆਈ ਗਰਾਊਂਡ, ਨਵਾਂਸ਼ਹਿਰ ਵਿਖੇ ਪੁਲਿਸ ਸ਼ਹੀਦੀ ਯਾਦਗਾਰੀ ਦਿਵਸ ਮਨਾਇਆ ਜਾਵੇਗਾ । ਇਸ ਸਮਾਗਮ ਵਿਚ ਜ਼ਿਲ੍ਹਾ ਪੁਲਿਸ ਦੇ ਉਨ੍ਹਾਂ ਬਹਾਦਰ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ , ਜਿਨ੍ਹਾਂ ਨੇ ਸੂਬੇ ਦੀ ਸੁਰੱਖਿਆ ਲਈ ਡਿਊਟੀ ਨਿਭਾਉਂਦੇ ਹੋਏ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਇਹ ਜਾਣਕਾਰੀ ਦਿੰਦਿਆਂ ਐਸ. ਪੀ. ਸੋਹਨ ਲਾਲ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਸੀਨੀਅਰ ਪੁਲਿਸ ਕਪਤਾਨ, ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਕਰਨਗੇ। ਸਮਾਗਮ ਵਿਚ ਜਿਥੇ ਸ਼ਹੀਦ ਹੋਏ ਪੁਲਿਸ ਕਰਮਚਾਰੀਆਂ ਤੇ ਅਧਿਕਾਰੀਆਂ ਨੂੰ ਸੋਗ ਸਲਾਮੀ ਦਿੱਤੀ ਜਾਵੇਗੀ , ਉਥੇ ਉਨ੍ਹਾਂ ਦੇ

ਪਰਿਵਾਰਿਕ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ ਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣ ਕੇ ਮੌਕੇ 'ਤੇ ਹੱਲ ਕੀਤੀਆਂ ਜਾਣਗੀਆਂ।

-----------------------------------------------------------

ਯੁਵਕ ਸੇਵਾਵਾਂ ਵਿਭਾਗ ਪੰਜਾਬ ਵੱਲੋਂ ਵਿਭਾਗ ਨਾਲ ਐਫੀਲੀਏਟਿਡ ਯੁਵਕ ਸੇਵਾਵਾਂ ਕਲੱਬਾਂ ਨੂੰ ਉਨ੍ਹਾਂ ਵੱਲੋਂ ਪਿਛਲੇ ਦੋ ਸਾਲਾਂ ਤੋਂ ਆਪਣੇ ਪਿੰਡਾਂ ਵਿੱਚ ਪਿੰਡ ਦੀ ਭਲਾਈ , ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ , ਖੇਡਾਂ ਅਤੇ ਰੰਗਲਾ ਪੰਜਾਬ ਸਿਰਜਣ ਸਬੰਧੀ ਕੀਤੀਆਂ ਗਈਆਂ ਗਤੀਵਿਧੀਆਂ ਦੇ ਆਧਾਰ 'ਤੇ ਵਿੱਤੀ ਸਹਾਇਤਾ ਦੇਣ ਲਈ ਜ਼ਿਲ੍ਹੇ ਭਰ 'ਚੋਂ ਅਰਜ਼ੀਆਂ ਦੀ ਮੰਗ 31 ਅਕਤੂਬਰ ਤੱਕ ਕੀਤੀ ਗਈ ਏ । ਇਹ ਜਾਣਕਾਰੀ ਸਾਂਝੀ ਕਰਦਿਆਂ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲ੍ਹੇ ਦੇ ਯੁਵਕ ਸੇਵਾਵਾਂ ਕਲੱਬਾਂ ਵੱਲੋਂ ਆਪਣੀਆਂ ਅਰਜ਼ੀਆਂ ਦੇ ਨਾਲ ਕਲੱਬ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ ਦੀਆਂ ਫ਼ੋਟੋਆਂ ਅਤੇ ਅਖ਼ਬਾਰਾਂ ਦੀਆਂ ਕਾਤਰਾਂ ਨੱਥੀ ਕੀਤੀਆਂ।

-----------------------------------------------------------

ਸ੍ਰੀ ਗੁਰੂ ਰਾਮਦਾਸ ਜੀ ਆਗਮਨ ਪੁਰਬ ਦੇ ਸਬੰਧ ’ਚ ਬੀਤੀ ਦੇਰ ਸ਼ਾਮ

ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜ਼ੀ ਕੀਤੀ ਗਈ। ਦੀਪਮਾਲਾ ਲਈ ਸ਼੍ਰੋਮਣੀ ਕਮੇਟੀ ਵੱਲੋਂ ਇੱਕ ਲੱਖ ਦੀਵਿਆਂ ਦਾ ਪ੍ਰਬੰਧ ਕੀਤਾ ਗਿਆ ਸੀ। ਪਹਿਲੀ ਵਾਰ ਸ੍ਰੀ ਦਰਬਾਰ ਸਾਹਿਬ ਦੇ ਘੰਟਾ ਘਰ ਪ੍ਰਵੇਸ਼ ਦੁਆਰ ਦੇ ਬਾਹਰ ਲੇਜ਼ਰ ਸ਼ੋਅ ਦਾ ਪ੍ਰਬੰਧ ਕੀਤਾ ਗਿਆ। ਸ਼ਰਧਾਲੂਆਂ ਵੱਲੋਂ ਪਵਿਤਰ ਸਰੋਵਰ ਦੇ ਕਿਨਾਰੇ ਰੰਗ ਬਿਰੰਗੀਆਂ ਮੋਮਬੱਤੀਆਂ ਤੇ ਘਿਓ ਦੇ ਦੀਵੇ ਬਾਲ ਕੇ ਗੁਰੂ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਸਾਂਝੀ ਕੀਤੀ ਗਈ। ਸ਼ਾਮ ਵੇਲੇ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਪ੍ਰਬੰਧਕਾਂ ਵੱਲੋਂ ਪ੍ਰਦੂਸ਼ਣ ਰਹਿਤ ਅਤਿ ਸੁੰਦਰ ਆਤਿਸ਼ਬਾਜ਼ੀ ਕੀਤੀ ਗਈ। ਸ੍ਰੀ ਦਰਬਾਰ ਸਾਹਿਬ ਦਾ ਅਲੌਕਿਕ ਨਜ਼ਾਰਾ ਤੇ ਮਨਮੋਹਕ ਆਤਿਸ਼ਬਾਜ਼ੀ ਦਾ ਆਨੰਦ ਮਾਨਣ ਲਈ ਦੇਸ਼ ਵਿਦੇਸ਼ਾਂ ਦੀਆਂ ਸੰਗਤਾਂ ਲੱਖਾਂ ਦੀ ਗਿਣਤੀ ’ਚ ਪੁੱਜੀਆਂ।

---------------------------------------------------------------

ਦੇਸ਼ ਭਰ ਦੇ ਦਸਤਕਾਰਾਂ ਅਤੇ ਸ਼ਿਲਪਕਾਰਾਂ ਦੀਆਂ ਬਣਾਈਆਂ ਵਸਤਾਂ ਦੀ ਖਰੀਦ ਨੂੰ ਉਤਸ਼ਾਹਿਤ ਕਰਨ ਲਈ ਮੁਹਾਲੀ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਮਹਿਕਮੇ ਦੇ ਸਹਿਯੋਗ ਨਾਲ ਸ਼ੁਰੂ ਕੀਤਾ

ਗਿਆ ਸਰਸ ਮੇਲਾ ਜਾਰੀ ਏ। ਮੇਲਾ ਅਫ਼ਸਰ ਤੇ ਮੁਹਾਲੀ ਦੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੋਨਮ ਚੌਧਰੀ ਨੇ ਕਿਹਾ ਕਿ ਮੇਲੇ ਦਾ ਆਗਾਜ਼ ਹੋਣ ਤੋਂ ਬਾਅਦ ਲੋਕਾਂ ਨੇ ਦਿਨ ਤੋਂ ਲੈ ਕੇ ਦੇਰ ਰਾਤ ਤੱਕ ਵੱਖ-ਵੱਖ ਰਾਜਾਂ ਦੇ ਸ਼ਿਲਪਕਾਰਾਂ ਤੇ ਦਸਤਕਾਰਾਂ ਵੱਲੋਂ ਲਾਏ ਗਏ ਸਟਾਲਾਂ ’ਤੇ ਖ਼ੂਬ ਖਰੀਦਦਾਰੀ ਕੀਤੀ। ਮੇਲੇ ਵਿੱਚ ਦਿਨ ਵੇਲੇ ਵੀ ਵੱਖ-ਵੱਖ ਰਾਜਾਂ ਦੇ ਕਲਾਕਾਰ ਆਪਣੀ ਕਲਾ ਦਾ ਮੁਜ਼ਾਹਰਾ ਕਰਦੇ ਨੇ ਅਤੇ ਰਾਤ ਨੂੰ ਸੰਗੀਤਕ ਸ਼ਾਮ ਰਾਹੀਂ ਨਾਮਵਰ ਕਲਾਕਾਰ ਉਨ੍ਹਾਂ ਦਾ ਮਨੋਰੰਜਨ ਕਰਨ ਪੁੱਜ ਰਹੇ ਨੇ। ਉਨ੍ਹਾਂ ਦੱਸਿਆ ਕਿ ਅੱਜ  ਸ਼ਾਮ ਨੂੰ ਫੈਸ਼ਨ ਸ਼ੋਅ ਤੋਂ ਇਲਾਵਾ ਪੰਜਾਬੀ ਗਾਇਕਾ ਪਰੀ ਪੰਧੇਰ , ਬਸੰਤ ਕੁਰ , ਸਵਿਤਾਜ ਬਰਾੜ ਆਪਣੇ ਫ਼ਨ ਦਾ ਮੁਜਾਹਰਾ ਕਰਨਗੇ।

------------------------------------------------------

ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਉਮਾ ਸ਼ੰਕਰ ਦੀ ਪ੍ਰਧਾਨਗੀ ਹੇਠ ਪਰਾਲੀ ਨੂੰ ਅੱਗ ਲਾਉਣ ਬਾਰੇ ਰੋਕਥਾਮ ਨੂੰ ਲੈ ਕੇ ਜਿਲ੍ਹਾ ਪੱਧਰੀ ਪਰਾਲੀ ਪ੍ਰਬੰਧਨ ਸੈਮੀਨਾਰ ਕਰਵਾਇਆ ਗਿਆ, ਜਿਸ ਵਿੱਚ ਐਸ ਐਸ ਪੀ ਹਰੀਸ਼ ਦਾਯਮਾ,  ਖੇਤੀਬਾੜੀ, ਸਹਿਕਾਰੀ ਸਭਾਵਾਂ, ਪ੍ਰਦੂਸ਼ਣ ਕੰਟਰੋਲ

ਬੋਰਡ,ਕਲੱਸਟਰ ਅਫਸਰ, ਨੋਡਲ ਅਫਸਰਾਂ, ਪਟਵਾਰੀ, ਸਕੱਤਰਾਂ ਸਮੇਤ ਸਬੰਧਤ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਮੌਜੂਦ ਰਹੇ । ਸੈਮੀਨਾਰ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਨਾ ਮਾਮਲਿਆਂ ਤੇ ਨਿਗਰਾਨੀ ਲਈ ਸਿਵਲ ਤੇ ਪੁਲਿਸ ਵਿਭਾਗ ਦੇ ਅਧਿਕਾਰੀ ਇੱਕ ਟੀਮ ਵਜੋਂ ਹੋਰ ਬਿਹਤਰ ਤਾਲਮੇਲ, ਜਿੰਮੇਵਾਰੀ ਤੇ ਮਿਹਨਤ ਨਾਲ ਕੰਮ ਕਰਨ । ਉਨ੍ਹਾਂ ਦੱਸਿਆ ਕਿ ਖੇਤਾਂ ਵਿੱਚ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਵਿੱਚ ਅਚਾਨਕ ਹੋਏ ਵਾਧੇ ਨੂੰ ਰੋਕਣ ਲਈ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਹੋਰ ਸਖ਼ਤ ਨਜ਼ਰ ਰੱਖਣ ਦੀ ਬੇਹੱਦ ਜਰੂਰਤ ਏ ।

------------------------------------------------------------

ਬੀਤੀ ਸ਼ਾਮ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਸ਼ੁਰੂ ਹੋਏ 41ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਵਿੱਚ, ਭਾਰਤੀ ਹਵਾਈ ਸੈਨਾ ਨੇ ਸਖ਼ਤ ਮੁਕਾਬਲੇ ਤੋਂ ਬਾਅਦ ਬੀ. ਐਸ. ਐਫ ਜਲੰਧਰ ਨੂੰ 2-1 ਨਾਲ ਹਰਾ ਕੇ ਜੇਤੂ ਸ਼ੁਰੂਆਤ ਕੀਤੀ । ਉਦਘਾਟਨੀ ਮੈਚ, ਜੋ ਕਿ ਭਾਰਤੀ ਜਲ ਸੈਨਾ ਅਤੇ ਸਾਬਕਾ ਜੇਤੂ ਪੰਜਾਬ ਐਂਡ ਸਿੰਧ ਬੈਂਕ ਵਿਚਕਾਰ ਖੇਡਿਆ ਗਿਆ ਸੀ , ਫਲੱਡ ਲਾਈਟਾਂ ਵਿੱਚ

ਤਕਨੀਕੀ ਖਰਾਬੀ ਕਾਰਨ ਪੂਰਾ ਨਹੀਂ ਹੋ ਸਕਿਆ ਅਤੇ ਇਸ ਨੂੰ ਰੋਕਣਾ ਪਿਆ। ਇਹ ਅੱਜ ਸਵੇਰੇ ਖੇਡਿਆ ਗਿਆ ਅਤੇ ਦੋਵੇਂ ਟੀਮਾਂ ਨੇ ਇੱਕ-ਇੱਕ ਗੋਲ ਕੀਤੇ ਅਤੇ ਮੈਚ ਬਰਾਬਰੀ 'ਤੇ ਸਮਾਪਤ ਹੋਇਆ।